ਪ੍ਰੈਸ ਨੋਟ ਨੰਬਰ-4

1/19183/2020

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜਿਲਕਾ

ਜ਼ਿਲ੍ਹੇ ਦੀਆਂ ਮੰਡੀਆਂ ’ਚ ਹੁਣ ਤੱਕ 24805 ਮੀਟ੍ਰਿਕ ਟਨ ਕਣਕ ਦੀ ਹੋਈ ਆਮਦ

20306 ਮੀਟ੍ਰਿਕ ਟਨ ਕਣਕ ਦੀ ਹੁਣ ਤੱਕ ਕੀਤੀ ਜਾ ਚੁੱਕੀ ਹੈ ਖਰੀਦ

ਫ਼ਾਜ਼ਿਲਕਾ, 19 ਅਪ੍ਰੈਲ

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ’ਚ ਹੁਣ ਤੱਕ 24805 ਮੀਟ੍ਰਿਕ ਟਨ ਦੀ ਆਮਦ ਹੋਈ ਹੈ, ਜਿਸ ਵਿੱਚੋਂ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 20306 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾ ਰਹੀ। ਮੰਡੀਆਂ ਵਿੱਚ ਕਿਸਾਨਾਂ ਵਾਸਤੇ ਹਰ ਤਰ੍ਹਾਂ ਦੇ ਲੋੜੀਂਦੇ ਪ੍ਰਬੰਧ ਮੁਕੰਮਲ ਕੀਤੇ ਗਏ ਹਨ। ਕਿਸਾਨਾਂ ਨੂੰ ਰੋਜ਼ਾਨਾ ਪਾਸ ਜਾਰੀ ਕੀਤੇ ਜਾ ਰਹੇ ਹਨ ਤਾਂ ਜੋ ਮੰਡੀਆਂ ਵਿੱਚ ਜ਼ਿਆਦਾ ਇਕੱਠ ਨਾ ਹੋਵੇ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਿਸਾਨਾਂ ਦੀ ਫਸਲ ਦਾ ਇਕ-ਇਕ ਦਾਣਾ ਖਰੀਦਿਆ ਜਾਵੇਗਾ ਉਨ੍ਹਾਂ ਨੂੰ ਘਬਰਾਉਣ ਦੀ ਲੋੜ ਨਹੀਂ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਮੰਡੀਆਂ ਵਿੱਚ ਕਣਕ ਸੁਕਾ ਕੇ ਲੈ ਕੇ ਆਉਣ ਅਤੇ ਟਰੈਕਟਰ-ਟਰਾਲੀ ’ਤੇ ਇਕ ਤੋਂ ਵੱਧ ਵਿਅਕਤੀ ਮੰਡੀਆਂ ਵਿੱਚ ਲਿਆਉਣ ਤੋਂ ਗੁਰੇਜ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਕਿਸਾਨ ਨੂੰ ਖਾਂਸੀ, ਜੁਕਾਮ ਜਾਂ ਬੁਖਾਰ ਹੋਵੇ ਤਾਂ ਉਹ ਮੰਡੀ ਵਿੱਚ ਨਾ ਆਵੇ ਬਲਕਿ ਸਿਹਤ ਕੇਂਦਰ ਵਿਖੇ ਜਾ ਕੇ ਆਪਣੀ ਜਾਂਚ ਕਰਵਾਉਣ ਤਾਂ ਜੋ ਕੋਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਿਆ ਜਾ ਸਕੇ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਰਾਜਰਿਸ਼ੀ ਮਹਿਰਾ ਨੇ ਦੱਸਿਆ ਕਿ ਖਰੀਦ ਦੇ ਤੀਜੇ ਦਿਨ 12439 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਅਤੇ 11485 ਮੀਟ੍ਰਿਕ ਟਨ ਦੀ ਸਰਕਾਰੀ ਏਜੰਸੀਆਂ ਦੁਆਰਾ ਖਰੀਦ ਕੀਤੀ ਗੀ ਹੈ ਜਿਸ ਵਿਚੋਂ ਪਨਗਰੇਨ ਵੱਲੋਂ 2925 ਮੀਟ੍ਰਿਕ ਟਨ, ਐਫ.ਸੀ.ਆਈ ਵੱਲੋਂ 169 ਮਾਰਕਫੈੱਡ ਵੱਲੋਂ 2980 ਮੀਟ੍ਰਿਕ ਟਨ, ਪਨਸਪ ਵੱਲੋਂ 4208 ਮੀਟ੍ਰਿਕ ਟਨ ਅਤੇ ਪੰਜਾਬ ਵੇਅਰਹਾਊਸ ਵੱਲੋਂ 1203 ਮੀਟ੍ਰਿਕ ਟਨ ਕਣਕ ਖ਼ਰੀਦੀ ਗਈ ਹੈ।

ਪ੍ਰੈਸ ਨੋਟ ਨੰਬਰ-5

1/19188/2020

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜ਼ਿਲਕਾ

ਕੋਵਿਡ-19

ਰਾਜਸਥਾਨ ਤੋਂ ਕਣਕ ਦਾ ਇਕ ਵੀ ਦਾਣਾ ਫ਼ਾਜ਼ਿਲਕਾ 'ਚ ਵਿਕਣ ਨਹੀਂ

ਦਿੱਤਾ ਜਾਵੇਗਾ-ਡਿਪਟੀ ਕਮਿਸ਼ਨਰ

ਕਣਕ ਦੀ ਖਰੀਦ ਪ੍ਰਕਿਰਿਆ ਦੀ ਕੀਤੀ ਸਮੀਖਿਆ

ਕਰਫਿਊ ਦੌਰਾਨ ਜ਼ਿਲ੍ਹੇ ਦੀ ਸਥਿਤੀ ਦਾ ਲਿਆ ਜਾਇਜ਼ਾ

ਫ਼ਾਜ਼ਿਲਕਾ, 19 ਅਪ੍ਰੈਲ:

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਜ਼ਿਲ੍ਹੇ ਅੰਦਰ ਚੱਲ ਰਹੀ ਕਣਕ ਦੀ ਖਰੀਦ ਪ੍ਰਕਿਰਿਆ ਸੀਜ਼ਨ ਦੇ ਮੱਦੇਨਜ਼ਰ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ। ਮੀਟਿੰਗ ਦੌਰਾਨ ਉਨ੍ਹਾਂ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਰਾਜਸਥਾਨ ਤੋਂ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਵਿਕਣ ਲਈ ਕਣਕ ਦਾ ਇਕ ਦਾਣਾ ਵੀ ਨਾ ਆਉਣ ਦਿੱਤਾ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਅਨਾਜ ਮੰਡੀਆਂ ਵਿੱਚ ਕਣਕ ਦੇ ਸੀਜਨ ਦੌਰਾਨ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਪੇਸ਼ ਨਾ ਆਉਣ ਦਿੱਤੀ ਜਾਵੇ।

ਡਿਪਟੀ ਕਮਿਸ਼ਨਰ ਸ. ਸੰਧੂ ਨੇ ਕਣਕ ਦੀ ਖਰੀਦ ਨੂੰ ਲੈ ਕੇ ਕੀਤੇ ਗਏ ਪ੍ਰਬੰਧਾਂ ਦੀ ਸਮੀਖਿਆ ਕਰਦਿਆਂ ਅਧਿਕਾਰੀਆਂ ਨੂੰ ਕਿਹਾ ਕਿ ਮੰਡੀਆਂ ਵਿੱਚ ਕਣਕ ਦੀ ਖਰੀਦ ਉਪਰੰਤ ਲਿਫਟਿੰਗ ਨਾਲ ਦੀ ਨਾਲ ਕਰਨੀ ਯਕੀਨੀ ਬਣਾਈ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਕੋਵਿਡ-19 ਮਹਾਂਮਾਰੀ ਨਾਲ ਨਜਿੱਠਣ ਲਈ ਮੰਡੀਆਂ ਵਿੱਚ ਕਣਕ ਦੀ ਖਰੀਦ ਦੌਰਾਨ ਸ਼ਰੀਰਕ ਫਾਂਸਲਾ ਰੱਖਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਆਦੇਸ਼ ਦਿੰਦਿਆਂ ਕਿਹਾ ਕਿ ਆਪਣੇ-ਆਪਣੇ ਹਲਕੇ ਵਿੱਚ ਦਿਨ ਰਾਤ ਚੈਕਿੰਗ ਕਰਨੀ ਯਕੀਨੀ ਬਣਾਈ ਜਾਵੇ ਤਾਂ ਜੋ ਕੋਈ ਵੀ ਬਾਹਰਲਾ ਵਿਅਕਤੀ ਜ਼ਿਲ੍ਹੇ ਅੰਦਰ ਦਾਖਲ ਨਾ ਹੋ ਸਕੇ।

ਇਸ ਉਪਰੰਤ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਅੰਦਰ ਲਗਾਏ ਕਰਫਿਊ ਦੌਰਾਨ ਅਧਿਕਾਰੀਆਂ ਕੋਲੋਂ ਜ਼ਿਲ੍ਹੇ ਦੀ ਸਥਿਤੀ ਦਾ ਜਾਇਜਾ ਲਿਆ। ਉਨ੍ਹਾਂ ਕਿਹਾ ਕਿ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਦਾ ਮੰਤਵ ਹੈ ਕਿ ਹਰੇਕ ਘਰ ਤੱਕ ਸੁਖਾਵੇਂ ਮਾਹੌਲ 'ਚ ਰੋਜ਼ਾਨਾ ਦੀਆਂ ਲੋੜੀਂਦੀਆਂ ਵਸਤੂਆਂ ਪੁੱਜਦੀਆਂ ਕੀਤੀਆ ਜਾਣ ਅਤੇ ਲੋਕਾਂ ਨੂੰ ਘਰਾਂ ਤੋਂ ਬਾਹਰ ਆਉਣ ਦੀ ਲੋੜ ਨਾ ਪਵੇ। ਉਨ੍ਹਾਂ ਕੋਵਿਡ 19 ਦੇ ਕਾਰਜ਼ਾਂ ਅੰਦਰ ਜੁਟੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਲੋਕ ਭਲਾਈ ਦੇ ਇਸ ਕਾਰਜ਼ ਅੰਦਰ ਪੂਰੀ ਇਮਾਨਦਾਰੀ ਨਾਲ ਡਿਊਟੀ ਕਰਨ ਲਈ ਕਿਹਾ। ਉਨ੍ਹਾਂ ਅਧਿਕਾਰੀਆਂ ਤੋਂ ਲੋਕਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸਿਹਤ ਸੇਵਾਵਾਂ ਬਾਰੇ ਜਾਣਕਾਰੀ ਲਈ ਅਤੇ ਐਮਰਜੈਂਸੀ ਹਲਾਤਾਂ ਦੀ ਸਥਿਤੀ ਨਾਲ ਨਿਪਟਣ ਲਈ ਹਸਪਤਾਲਾਂ ਅੰਦਰ ਲੋੜੀਂਦੇ ਪ੍ਰਬੰਧਾਂ ਨੂੰ ਤਿਆਰ ਰੱਖਣ ਦੇ ਆਦੇਸ਼ ਜਾਰੀ ਕੀਤੇ।

ਇਸ ਮੌਕੇ ਜ਼ਿਲ੍ਹਾ ਪੁਲਿਸ ਮੁਖੀ ਸ. ਹਰਜੀਤ ਸਿੰਘ, ਸਹਾਇਕ ਕਮਿਸ਼ਨਰ ਮੈਡਮ ਪੂਨਮ ਸਿੰਘ, ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਸ੍ਰੀ ਰਾਜਰਿਸ਼ੀ ਮਹਿਰਾ, ਜ਼ਿਲ੍ਹਾ ਮੰਡੀ ਅਫਸਰ ਸ. ਸਵਰਨ ਸਿੰਘ, ਤਹਿਸੀਲਦਾਰ ਸ੍ਰੀ ਪਵਨ ਕੁਮਾਰ ਆਦਿ ਵੱਖ-ਵੱਖ ਏਜੰਸੀਆਂ ਦੇ ਅਧਿਕਾਰੀ ਹਾਜ਼ਰ ਸਨ।

ਪ੍ਰੈਸ ਨੋਟ ਨੰਬਰ-6

1/ 19190/2020
ਸੂਚਨਾ ਤੇ ਜ਼ਿਲਾ ਲੋਕ ਸੰਪਰਕ ਦਫ਼ਤਰ, ਫ਼ਾਜ਼ਿਲਕਾ

ਕੋਵਿਡ-19

ਕਿਸਾਨਾਂ ਨੂੰ ਹੁਣ ਤੱਕ 11557 ਪਾਸ ਕੀਤੇ ਜਾ ਚੁੱਕੇ ਹਨ ਜਾਰੀ

20 ਤੇ 21 ਅਪ੍ਰੈਲ ਲਈ ਜ਼ਿਲ੍ਹੇ ਦੇ 6194 ਕਿਸਾਨਾਂ ਨੂੰ ਜਾਰੀ ਕੀਤੇ ਪਾਸ

ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਜਾਵੇਗਾ ਖ਼ਰੀਦਿਆ

ਫ਼ਾਜ਼ਿਲਕਾ, 19 ਅਪ੍ਰੈਲ

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਕੋਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਮੰਡੀਆਂ ਵਿੱਚ ਇਕੱਠ ਨਾ ਹੋਵੇ ਇਸ ਲਈ ਕਿਸਾਨਾਂ ਨੂੰ ਪਾਸ ਜਾਰੀ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਕਣਕ ਲਿਆਉਣ ਲਈ ਹੁਣ ਤੱਕ 11557 ਕਿਸਾਨਾਂ ਨੂੰ ਪਾਸ ਜਾਰੀ ਕੀਤੇ ਜਾ ਚੁੱਕੇ ਹਨ ਜਦਕਿ 20 ਤੇ 21 ਅਪ੍ਰੈਲ ਲਈ ਜ਼ਿਲ੍ਹੇ ਦੇ 6194 ਕਿਸਾਨਾਂ ਨੂੰ ਪਾਸ ਜਾਰੀ ਕੀਤੇ ਗਏ ਹਨ। ਉਨ੍ਹਾਂ ਹੋਰਨਾਂ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖ਼ਰੀਦਿਆ ਜਾਵੇਗਾ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਖਰੀਦ ਪ੍ਰਕਿਰਿਆ ਦੌਰਾਨ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਬਿਨਾਂ ਪਾਸ ਵਾਲੇ ਕਿਸਾਨਾਂ ਨੂੰ ਮੰਡੀ ਵਿੱਚ ਦਾਖਲ ਨਹੀਂ ਹੋਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਬਿਲਕੁਲ ਇਕੱਠ ਨਾ ਹੋਣ ਦਿੱਤਾ ਜਾਵੇ ਤਾਂ ਜੋ ਕੋਰੋਨਾ ਫਾਇਰਸ ਦਾ ਫੈਲਾਅ ਨਾ ਹੋ ਸਕੇ। ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਟਰੈਕਟਰ-ਟਰਾਲੀ ’ਤੇ ਇਕ ਤੋਂ ਵੱਧ ਵਿਅਕਤੀ ਮੰਡੀਆਂ ਵਿੱਚ ਲਿਆਉਣ ਤੋਂ ਗੁਰੇਜ ਕੀਤਾ ਜਾਵੇ।

ਜ਼ਿਲ੍ਹਾ ਮੰਡੀ ਅਫਸਰ ਸ. ਸਵਰਨ ਸਿੰਘ ਨੇ ਦੱਸਿਆ ਕਿ ਅਗਲੇ ਦੋ ਦਿਨਾਂ (20 ਤੇ 21 ਅਪ੍ਰੈਲ) ਲਈ 6194 ਕਿਸਾਨਾਂ ਨੂੰ ਪਾਸ ਜਾਰੀ ਕੀਤੇ ਗਏ ਹਨ, ਜਿਨ੍ਹਾਂ ’ਚ ਅਬੋਹਰ ਲਈ 1803, ਜਲਾਲਾਬਾਦ ਲਈ 1895, ਅਰਨੀਵਾਲਾ ਲਈ 426 ਕਿਸਾਨਾਂ ਅਤੇ ਫ਼ਾਜ਼ਿਲਕਾ ਦੀ ਅਨਾਜ ਮੰਡੀ ਲਈ 2070 ਕਿਸਾਨਾਂ ਨੂੰ ਪਾਸ ਜਾਰੀ ਕੀਤੇ ਗਏ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਕੌਮਾਂਤਰੀ ਮਹਾਂਮਾਰੀ ਨੂੰ ਫੈਲਣ ਤੋਂ ਰੋਕਣ ਦੇ ਮੱਦੇਨਜਰ ਅਨਾਜ ਮੰਡੀਆ ਵਿੱਚ ਭੀੜ ਨਾ ਹੋਵੇ, ਇਸ ਲਈ ਕਿਸਾਨਾਂ ਨੂੰ ਮਾਰਕੀਟ ਕਮੇਟੀ ਵੱਲੋਂ ਆੜਤੀਆਂ ਰਾਹੀਂ ਪਾਸ ਜਾਰੀ ਕੀਤੇ ਜਾ ਰਹੇ ਹਨ ਜਿਸ ਦੀ ਮਿਆਦ 24 ਘੰਟੇ ਹੈ।

ਪ੍ਰੈਸ ਨੋਟ ਨੰਬਰ -1

1/19290/2020

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜਿਲਕਾ

ਜ਼ਿਲ੍ਹੇ ’ਚ ਹੁਣ ਤੱਕ ਪ੍ਰਾਪਤ 110 ਰਿਪੋਰਟਾਂ ਆਈਆਂ ਨੈਗੇਟਿਵ -ਡਿਪਟੀ ਕਮਿਸ਼ਨਰ

8 ਸੈਂਪਲਾਂ ਦੀ ਰਿਪੋਰਟ ਆਉਣੀ ਬਾਕੀ

ਜ਼ਿਲ੍ਹਾ ਵਾਸੀਆਂ ਲਈ ਰਾਹਤ ਦੀ ਖਬਰ

ਫ਼ਾਜਿਲਕਾ, 20 ਅਪ੍ਰੈਲ :

ਫਾਜ਼ਿਲਕਾ ਜ਼ਿਲ੍ਹਾ ਵਾਸੀਆਂ ਲਈ ਰਾਹਤ ਦੀ ਖਬਰ ਹੈ ਕਿ ਜ਼ਿਲ੍ਹੇ ’ਚ ਹੁਣ ਤੱਕ ਜੋ 118 ਸੈਂਪਲ ਲਏ ਗਏ ਸਨ ਉਨ੍ਹਾਂ ਵਿੱਚੋਂ 110 ਦੀ ਰਿਪੋਰਟ ਨੈਗੇਟਿਵ ਆਈ ਹੈ, 8 ਸੈਂਪਲਾਂ ਦੀ ਰਿਪੋਰਟ ਆਉਣੀ ਅਜੇ ਬਾਕੀ ਹੈ। ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦਿੱਤੀ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਫਿਰ ਵੀ ਇਸ ਅਦਿੱਖ ਵਾਇਰਸ ਤੋਂ ਘਬਰਾਉਣ ਦੀ ਨਹੀਂ ਸਗੋਂ ਸੁਚੇਤ ਰਹਿਣ ਦੀ ਜ਼ਰੂਰਤ ਹੈ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਘਰਾਂ ਅੰਦਰ ਰਹਿ ਕੇ ਇਸ ਮਹਾਂਮਾਰੀ ਖਿਲਾਫ ਜੰਗ ਜਾਰੀ ਰੱਖਣ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਜਾਰੀ ਹਦਾਇਤਾ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ। ਉਨ੍ਹਾਂ ਨੇ ਦੁਹਰਾਇਆ ਕਿ ਜ਼ਿਲ੍ਹੇ ਵਿਚ ਕਰਫਿਊ ਵਿਚ ਫਿਲਹਾਲ ਕੋਈ ਨਵੀਂ ਢਿੱਲ ਨਹੀਂ ਦਿੱਤੀ ਗਈ ਹੈ।

ਸਿਵਲ ਸਰਜਨ ਡਾ: ਸੁਰਿੰਦਰ ਸਿੰਘ ਨੇ ਕਿਹਾ ਕਿ ਕੋਵਿਡ-19 ਬਿਮਾਰੀ ਆਪਸੀ ਮੇਲਜੋਲ ਨਾਲ ਫੈਲਦੀ ਹੈ ਇਸ ਲਈ ਸਮਾਜਿਕ ਦੂਰੀ ਬਣਾਈ ਰੱਖੋ ਅਤੇ ਆਪਣੇ ਹੱਥ ਵਾਰ-ਵਾਰ ਸਾਬਣ ਨਾਲ ਧੋਵੋ, ਇਕ ਦੂਜੇ ਤੋਂ ਘੱਟੋ ਘੱਟ 2 ਮੀਟਰ ਦੂਰ ਰਹੋ। ਉਨ੍ਹਾਂ ਨੇ ਕਿਹਾ ਕਿ ਅਜਿਹੀਆਂ ਸਾਵਧਾਨੀਆਂ ਰੱਖ ਕੇ ਅਸੀਂ ਅਸਾਨੀ ਨਾਲ ਇਸ ਬਿਮਾਰੀ ਨੂੰ ਫੈਲਣ ਤੋਂ ਰੋਕ ਸਕਦੇ ਹਾਂ।

ਪ੍ਰੈਸ ਨੋਟ ਨੰਬਰ -2

1/19313/2020

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜਿਲਕਾ

ਸਿਹਤ ਵਿਭਾਗ ਸਮਾਜ ਪ੍ਰਤੀ ਅਪਣੇ ਫਰਜਾਂ ਨੂੰ ਤਨਦੇਹੀ ਨਾਲ ਨਿਭਾਅ ਰਿਹੈ-ਸਿਵਲ ਸਰਜਨ

ਬਹਾਦਰ ਸੈਨਿਕਾਂ ਵਾਂਗ ਕੋਰੋਨਾ ਵਾਇਰਸ ਨਾਲ ਜੰਗ ਲੜ ਰਿਹਾ ਹੈ ਸਿਹਤ ਵਿਭਾਗ

ਫਾਜਿਲਕਾ, 20 ਅਪ੍ਰੈਲ

ਸਿਵਲ ਸਰਜਨ ਡਾ. ਸੁਰਿੰਦਰ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਅੰਦਰ ਜੇ ਅਜੇ ਤੱਕ ਕੋਰੋਨਾ ਦਾ ਕੋਈ ਕੇਸ ਨਹੀਂ ਹੈ ਤਾਂ ਉਸਦੇ ਪਿਛੇ ਲੋਕਾਂ ਵਿੱਚ ਕੋਰੋਨਾ ਵਾਇਰਸ ਦੇ ਲੱਛਣਾਂ ਤੇ ਬਚਾਆਂ ਬਾਰੇ ਜਾਗਰੂਕਤਾ ਹੋਣਾ ਹੈ। ਇਸ ਭਿਆਨਕ ਮਹਾਂਮਾਰੀ ਨੂੰ ਫੈਲਣ ਤੋਂ ਰੋਕਣ ਲਈ ਸਿਹਤ ਵਿਭਾਗ ਦੇ ਸਮੁੱਚੇ ਸਟਾਫ ਵੱਲੋਂ ਦਿਨ-ਰਾਤ ਸਖਤ ਮਿਹਨਤ ਕਰਕੇ ਸਿਹਤ ਸੁਵਿਧਾਵਾਂ ਮੁਹੱਈਆ ਕਰਵਾਉਣ ’ਚ ਕੋਈ ਕਸਰ ਨਹੀਂ ਛੱਡ ਰਹੇ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਨੂੰ ਜੋ ਵੀ ਸ਼ਕੀ ਮਰੀਜ ਨਜ਼ਰ ਆਉਂਦਾ ਹੈ ਉਸ ਤੱਕ ਪਹੰੁਚ ਕਰਕੇ ਨਾਲ ਦੀ ਨਾਲ ਸੈਂਪਲ ਲੈ ਕੇ ਟੈਸਟ ਕਰ ਰਹੇ ਹਨ। ਇਸ ਤੋਂ ਇਲਾਵਾ ਸਿਹਤ ਵਿਭਾਗ ’ਚ ਤਾਇਨਾਤ ਬੀ.ਈ.ਈ. ਆਪਣੇ-ਆਪਣੇ ਬਲਾਕਾਂ ਵਿਚੱ ਆਮ ਲੋਕਾਂ ਨੂੰ ਇਸ ਮਹਾਂਮਾਰੀ ਤੋਂ ਸੁਚੇਤ ਕਰਨ ਲਈ ਜਾਗਰੂਕਤਾ ਮੁਹਿੰਮ ਚਲਾ ਰਹੇ ਹਨ।

ਸਿਵਲ ਸਰਜਨ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਕੀਤੀ ਗਈ ਮੀਟਿੰਗ ਦੌਰਾਨ ਪ੍ਰਬੰਧਾਂ ਦੀ ਸਮੀਖਿਆ ਕਰਦਿਆਂ ਦੱਸਿਆ ਕਿ ਬਲਾਕ ਖੂਈ ਖੇੜਾ, ਡੱਬਵਾਲਾ ਕਲਾਂ, ਜੰਡਵਾਲਾ ਭੀਮੇਸ਼ਾਹ, ਸੀਤੋਗੁਨੋ ਦੇ ਸਿਹਤ ਸਟਾਫ ਏ.ਐਨ.ਐਮ., ਆਸ਼ਾ ਵਰਕਰ, ਹੈਲਥ ਵਰਕਰ ਤੇ ਪੈਰਾਮੈਡੀਕਲ ਸਟਾਫ ਟੀਮ ਦੇ ਤੌਰ ’ਤੇ ਕੰਮ ਕਰਕੇ ਪਿੰਡ-ਪਿੰਡ ਤੇ ਘਰ-ਘਰ ਜਾ ਕੇ ਜਾਗਰੂਕਤਾ ਅਭਿਆਨ ਚਲਾ ਰਹੇ ਹਨ।  ਉਨ੍ਹਾਂ ਕਿਹਾ ਕਿ ਮਾਸ ਮੀਡੀਆ ਕਰਮਚਾਰੀ ਸਮਾਜ ਤੇ ਲੋਕਾਂ ਪ੍ਰਤੀ ਅਪਣੇ ਫਰਜ ਨੂੰ ਤਨਦੇਹੀ ਨਾਲ ਨਿਭਾਅ ਰਹੇ ਹਨ ਅਤੇ ਗਲਤ ਜਾਂ ਝੂਠੀ ਅਫਵਾਹ ਫੈਲਾਉਣ ਵਾਲਿਆਂ ਖਿਲਾਫ ਕਾਰਵਾਈ ਵੀ ਅਮਲ ਵਿਚ ਲਿਆ ਰਹੇ ਹਨ।  ਉਨ੍ਹਾਂ ਕਿਹਾ ਕਿ ਲੋਕਾਂ ਨੂੰ ਇਲਾਜ ਲਈ ਸਰਕਾਰ ਹਸਪਤਾਲ ਲਿਆਉਣ ਵਿੱਚ ਮਾਸ ਮੀਡੀਆ ਅਧਿਕਾਰੀ ਅਹਿਮ ਭੂਮਿਕਾ ਨਿਭਾਅ ਰਹੇ ਹਨ।

ਜ਼ਿਲ੍ਹਾ ਮਾਸ ਮੀਡੀਆ ਅਫਸਰ ਅਨਿਲ ਧਾਮੂ ਨੇ ਕਿਹਾ ਕਿ ਜਿਸ ਤਰ੍ਹਾਂ ਲੋਕ ਪੁਲਿਸ ਪ੍ਰਸ਼ਾਸਨ ਦੀ ਹੌਂਸਲਾ ਅਫਜਾਈ ਕਰਦੇ ਹਨ ਉਸੇ ਤਰ੍ਹਾਂ ਸਿਹਤ ਵਿਭਾਗ ਦੇ ਫੀਲਡ ਸਟਾਫ ਦੇ ਅਧਿਕਾਰੀ ਤੇ ਕਰਮਚਾਰੀ ਜੋ ਸਿੱਧੇ ਮਰੀਜ ਦੇ ਸੰਪਰਕ ਵਿੱਚ ਆ ਕੇ ਖਤਰੇ ਦਾ ਸਾਹਮਣਾ ਕਰ ਰਹੇ ਹਨ ਉਹ ਵੀ ਪ੍ਰਸ਼ੰਸਾ ਦੇ ਪਾਤਰ ਹਨ। ਉਨ੍ਹਾਂ ਕਿਹਾ ਕਿ ਬਹਾਦਰ ਸੈਨਿਕਾਂ ਵਾਂਗ ਇਹ ਵੀ ਕੋਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਵਾਲੀ ਜੰਗ ’ਚ ਅੜਿੱਕਾ ਬਣ ਕੇ ਖੜ੍ਹੇ ਹੋਏ ਹਨ।

ਇਸ ਮੌਕੇ ਸਹਾਇਕ ਸਿਵਲ ਸਰਜਨ ਡਾ. ਹਰਚੰਦ ਸਿੰਘ, ਸੀਨੀਅਰ ਮੈਡੀਕਲ ਅਫਸਰ ਡਾ. ਚੰਦਰ ਮੋਹਨ ਕਟਾਰੀਆ ਤੇ ਬੀ.ਈ.ਈ. ਦਿਵੇਸ਼ ਕੁਮਾਰ, ਸੁਸ਼ੀਲ ਕੁਮਾਰ, ਹਰਮੀਤ ਸਿੰਘ ਅਤੇ ਸੁਨੀਲ ਟੰਡਨ ਮੌਜੂਦ ਸਨ।